**ਗਉੜੀ ਮਹਲਾ ੫ ॥ ਚਿੰਤਾਮਣਿ ਕਰੁਣਾ ਮਏ ॥੧॥ ਰਹਾਉ ॥ ਦੀਨ ਦਇਆਲਾ ਪਾਰਬ੍ਰਹਮ ॥ ਜਾ ਕੈ ਸਿਮਰਣਿ ਸੁਖ ਭਏ ॥ ੧॥ ਅਕਾਲ ਪੁਰਖ ਅਗਾਧਿ ਬੋਧ ॥ ਸੁਨਤ ਜਸੋ ਕੋਟਿ ਅਘ ਖਏ ॥ ੨॥ ਕਿਰਪਾ ਨਿਧਿ ਪ੍ਰਭ ਮਇਆ ਧਾਰਿ ॥ ਨਾਨਕ ਹਰਿ ਹਰਿ ਨਾਮ ਲਏ ॥੩॥੧੩॥੧੫੧॥** {ਪੰਨਾ 212}

ਪਦਅਰਥ:- ਚਿੰਤਾਮਣਿ—{ਚਿੰਤਾ-ਮਣਿ—ਹਰੇਕ ਚਿਤਵਨੀ ਪੂਰੀ ਕਰਨ ਵਾਲੀ ਮਣੀ—ਰਤਨ} ਪਰਮਾਤਮਾ ਜੋ ਜੀਵ ਦੀ ਹਰੇਕ ਚਿਤਵਨੀ ਪੂਰੀ ਕਰਨ ਵਾਲਾ ਹੈ। ਕਰੁਣਾ—ਤਰਸੁ, ਦਇਆ। ਕਰੁਣਾ ਮੈ—ਤਰਸ-ਰੂਪ, ਤਰਸ-ਭਰਪੂਰ। ਕਰੁਣਾ ਮਏ—ਹੇ ਤਰਸ-ਰੂਪ ਪ੍ਰਭੂ!।1। ਰਹਾਉ।

ਜਾ ਕੈ ਸਿਮਰਣਿ—ਜਿਸ ਦੇ ਸਿਮਰਨ ਦੀ ਰਾਹੀਂ।1।

ਅਗਾਧਿ—ਅਥਾਹ। ਬੋਧ—ਗਿਆਨ, ਸਮਝ। ਅਗਾਧਿ ਬੋਧ—ਉਹ ਪ੍ਰਭੂ ਜਿਸ ਦੇ ਸਰੂਪ ਦੀ ਸਮਝ ਜੀਵਾਂ ਵਾਸਤੇ ਅਥਾਹ ਹੈ। ਜਸੋ—ਜਸੁ, ਸਿਫ਼ਤਿ-ਸਾਲਾਹ। ਕੋਟਿ—ਕ੍ਰੋੜਾਂ। ਅਘ—ਪਾਪ। ਖਏ—ਨਾਸ ਹੋ ਗਏ।2।

ਨਿਧਿ—ਖ਼ਜ਼ਾਨਾ। ਪ੍ਰਭ—ਹੇ ਪ੍ਰਭੂ! ਮਇਆ—ਦਇਆ। ਧਾਰਿ—ਧਾਰੀ, ਕੀਤੀ।3।

ਅਰਥ:- ਹੇ ਤਰਸ-ਰੂਪ ਪ੍ਰਭੂ! ਤੂੰ ਹੀ ਐਸਾ ਰਤਨ ਹੈਂ ਜੋ ਸਭ ਜੀਵਾਂ ਦੀਆਂ ਚਿਤਵੀਆਂ ਕਾਮਨਾ ਪੂਰੀਆਂ ਕਰਨ ਵਾਲਾ ਹੈਂ।1। ਰਹਾਉ।

ਹੇ ਪਾਰਬ੍ਰਹਮ ਪ੍ਰਭੂ! ਤੂੰ ਗਰੀਬਾਂ ਉਤੇ ਦਇਆ ਕਰਨ ਵਾਲਾ ਹੈਂ (ਤੂੰ ਐਸਾ ਹੈਂ) ਜਿਸ ਦੇ ਸਿਮਰਨ ਦੀ ਬਰਕਤਿ ਨਾਲ ਸਾਰੇ ਸੁਖ ਪ੍ਰਾਪਤ ਹੋ ਜਾਂਦੇ ਹਨ।1।

ਹੇ ਅਕਾਲ ਪੁਰਖ! ਤੇਰੇ ਸਰੂਪ ਦੀ ਸਮਝ ਜੀਵਾਂ ਦੀ ਅਕਲ ਤੋਂ ਪਰੇ ਹੈ, ਤੇਰੀ ਸਿਫ਼ਤਿ-ਸਾਲਾਹ ਸੁਣਦਿਆਂ ਕ੍ਰੋੜਾਂ ਪਾਪ ਨਾਸ ਹੋ ਜਾਂਦੇ ਹਨ।2।

ਹੇ ਨਾਨਕ! (ਅਰਦਾਸ ਕਰ ਤੇ ਆਖ—) ਹੇ ਕਿਰਪਾ ਦੇ ਖ਼ਜ਼ਾਨੇ ਪ੍ਰਭੂ! ਜਿਸ ਜਿਸ ਮਨੁੱਖ ਉਤੇ ਤੂੰ ਤਰਸ ਕਰਦਾ ਹੈਂ, ਉਹ ਤੇਰਾ ਹਰਿ-ਨਾਮ ਸਿਮਰਦਾ ਹੈ।3।13। 151।